# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 03-09-2025**

## ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਚ, ਸੈਮੀਕੋਨ ਇੰਡੀਆ 2025 ਦੇ ਦੂਜੇ ਦਿਨ ਸੈਮੀ-ਕੰਡਕਟਰ ਸੈਕਟਰ ਦੇ ਮਾਹਿਰਾਂ ਨਾਲ ਗੱਲਬਾਤ ਕੀਤੀ।
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਹੜ੍ਹ ਪ੍ਰਭਾਵਿਤ ਪੰਜਾਬ ਦਾ ਜਾਇਜ਼ਾ ਲੈਣ ਲਈ ਕੱਲ੍ਹ ਪੰਜਾਬ ਦਾ ਦੌਰਾ ਕਰਨਗੇ ।
- ਲਗਾਤਾਰ ਹੋ ਰਹੀ ਬਾਰਿਸ਼ ਅਤੇ ਡੈਮਾਂ ਤੋਂ ਪਾਣੀ ਨੂੰ ਨਿਯੰਤਰਿਤ ਛੱਡੇ ਜਾਣ ਕਾਰਨ, ਹੁਣ ਪੰਜਾਬ ਦੇ ਸਾਰੇ 23 ਜ਼ਿਲ੍ਹੇ ਪ੍ਰਭਾਵਿਤ - ਭਿਆਨਕ ਹੜ੍ਹਾਂ ਕਾਰਨ ਹੁਣ ਤੱਕ 30 ਲੋਕਾਂ ਦੀ ਮੌਤ- 3 ਲਖ 54 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ - ਕਰੀਬ ਡੇਢ ਲਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਖੜ੍ਹੀਆਂ ਫਸਲਾਂ ਨੂੰ ਨੁਕਸਾਨ

ਪਹੁੰਚਿਆ - ਸੂਬਾ ਸਰਕਾਰ ਵਲੋਂ ਹੜ੍ਹਾਂ ਕਾਰਨ 7 ਸਤੰਬਰ ਤੱਕ, ਸਾਰੇ ਵਿਦਿਅਕ ਅਦਾਰੇ ਬੰਦ ਰੱਖਣ ਦੇ ਹੁਕਮ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਬਚਾਅ ਕਾਰਜਾਂ ਦਾ ਲਿਆ ਜਾਇਜ਼ਾ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਲਈ ਭਾਰੀ ਮੀਹਂ ਬਾਰੇ ਰੈੱਡ ਅਲਰਟ ਜਾਰੀ।
- ਬਿਹਾਰ ਦੇ ਰਾਜਗੀਰ ਵਿੱਚ ਹਾਕੀ ਏਸ਼ੀਆ ਕੱਪ ਮੁਕਾਬਲੇ ਵਿੱਚ ਅੱਜ ਤੋਂ ਸੁਪਰ ਫੋਰ ਗੇੜ ਦੇ ਮੈਚ ਸ਼ੁਰੂ ਹੋਣਗੇ।

## ਹੁਣ ਖ਼ਬਰਾਂ ਵਿਸਥਾਰ ਨਾਲ....

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ ਸੈਮੀਕੋਨ ਇੰਡੀਆ 2025 ਦੇ ਦੂਜੇ ਦਿਨ ਸੈਮੀਕੋਨ ਸੈਕਟਰ ਦੇ ਮਾਹਿਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਸੈਮੀਕੋਨ ਨਾਲ ਸਬੰਧਤ ਵੱਖ-ਵੱਖ ਉਤਪਾਦਾਂ ਅਤੇ ਪ੍ਰੋਜੈਕਟਾਂ ਨੂੰ ਦੇਖਿਆ। ਇਸ ਮੌਕੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ

ਅਸ਼ਵਨੀ ਵੈਸ਼ਨਵ ਵੀ ਮੌਜੂਦ ਸਨ। ਸ਼੍ਰੀ ਮੋਦੀ ਨੇ ਸੈਮੀਕੋਨ ਇੰਡੀਆ ਦੇ ਸੀ.ਈ.ਓਸ ਗੋਲਮੇਜ਼ ਸਮਾਗਮ ਵਿੱਚ ਵੀ ਹਿੱਸਾ ਲਿਆ। ਇਸ ਕਾਨਫਰੰਸ ਵਿੱਚ ਦੁਨੀਆ ਭਰ ਦੇ ਉਦਯੋਗਿਕ ਦਿੱਗਜਾਂ ਨੇ ਸ਼ਿਰਕਤ ਕੀਤੀ। ਤਿੰਨ ਦਿਨਾਂ ਸੈਮੀਕੋਨ ਇੰਡੀਆ 2025 ਕਾਨਫਰੰਸ ਦਾ ਉਦਘਾਟਨ ਕੱਲ੍ਹ ਪ੍ਰਧਾਨ ਮੰਤਰੀ ਮੋਦੀ ਦੁਆਰਾ ਕੀਤਾ ਗਿਆ ਸੀ। ਕਾਨਫਰੰਸ ਦਾ ਉਦੇਸ਼ ਭਾਰਤ ਨੂੰ ਆਲਮੀ ਸੈਮੀਕੰਡਕਟਰ ਸਪਲਾਈ ਚੇਨ ਵਿੱਚ ਇੱਕ ਭਰੋਸੇਯੋਗ ਭਾਈਵਾਲ ਵਜੋਂ ਸਥਾਪਿਤ ਕਰਨਾ ਏ। ਸੈਮੀਕੋਨ ਇੰਡੀਆ 2025 ਕਾਨਫਰੰਸ ਸੈਮੀਕੋਨ ਡਿਜ਼ਾਈਨ, ਨਿਰਮਾਣ ਅਤੇ ਤਕਨਾਲੋਜੀ ਵਿਕਾਸ ਲਈ ਇੱਕ ਹੱਬ ਬਣਨ ਦੇ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ।

------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਹੜ੍ਹਾਂ ਨਾਲ ਪ੍ਰਭਾਵਿਤ ਪੰਜਾਬ ਦਾ ਜਾਇਜ਼ਾ ਲੈਣ ਲਈ ਕੱਲ੍ਹ ਪੰਜਾਬ ਦਾ ਦੌਰਾ ਕਰ ਰਹੇ ਨੇ। ਸਰਕਾਰੀ ਸੂਤਰਾਂ ਮੁਤਾਬਿਕ ਉਹ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਕਪੂਰਥਲਾ ਦੇ ਸਭ ਤੋਂ ਵੱਧ ਪ੍ਰਭਾਵਿਤ ਜ਼ਿਲ੍ਹਿਆਂ ਦੇ ਕੁਝ ਪਿੰਡਾਂ ਦਾ ਦੌਰਾ ਕਰਨਗੇ। ਉਹ ਇਨ੍ਹਾਂ ਜ਼ਿਲ੍ਹਿਆਂ ਦੇ ਪ੍ਰਭਾਵਿਤ ਲੋਕਾਂ ਨੂੰ ਵੀ ਮਿਲਣਗੇ। ਹੜ ਪ੍ਰਭਾਵਿਤ ਖੇਤਰਾਂ ਦਾ ਦੌਰਾ

ਕਰਨ ਤੋਂ ਬਾਅਦ ਉਹ ਕੇਂਦਰ ਅਤੇ ਪੰਜਾਬ ਸਰਕਾਰ ਦੇ ਸੰਬਧਤ ਅਧਿਕਾਰੀਆਂ ਨਾਲ ਉੱਚ ਪੱਧਰੀ ਮੀਟਿੰਗ ਕਰਨਗੇ।
ਉਨ੍ਹਾਂ ਕਿਹਾ ਏ ਕਿ ਕੇਂਦਰ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਨਾਲ ਖੜ੍ਹੀ ਏ।

-----------------------------------------------------------

ਪੰਜਾਬ ਵਿਚ ਹੜਾਂ ਦਾ ਕਹਿਰ ਲਗਾਤਾਰ ਜਾਰੀ ਏ। ਭਾਰੀ ਮੀਂਹ ਕਾਰਨ ਸੂਬੇ ਭਰ ਦੀਆਂ ਨਦੀਆਂ ਤੇ ਦਰਿਆਵਾਂ ਵਿੱਚ ਹੱਦੋ ਵੱਧ ਪਾਣੀ ਆ ਗਿਆ ਏ। ਭਾਖੜਾ ਸਮੇਤ ਬਾਕੀ ਡੈਮ ਪਾਣੀ ਨਾਲ ਭਰੇ ਹੋਏ ਨੇ , ਜਿਸ ਕਾਰਨ ਨਿਯੰਤਰਿਤ ਢੰਗ ਨਾਲ ਪਾਣੀ ਛਡਿਆ ਜਾ ਰਿਹਾ ਏ।
ਪੰਜਾਬ ਭਰ ਵਿੱਚ ਲੋਕਾਂ ਨੂੰ ਸਾਵਧਾਨ ਰਹਿਣ ਲਈ ਚੇਤਾਵਨੀ ਜਾਰੀ ਕੀਤੀ ਗਈ ਏ ਕਿਉਂਕਿ ਡੈਮਾਂ ਅਤੇ ਹੈੱਡਵਰਕਸ ਤੋਂ ਪਾਣੀ ਛੱਡਣ ਨਾਲ, ਪਹਿਲਾਂ ਹੀ ਹੜ ਪ੍ਰਭਾਵਿਤ ਪਟਿਆਲਾ, ਫਾਜ਼ਿਲਕਾ, ਅੰਮ੍ਰਿਤਸਰ, ਗੁਰਦਾਸਪੁਰ, ਫਿਰੋਜ਼ਪੁਰ, ਕਪੂਰਥਲਾ ਅਤੇ ਸੂਬੇ ਦੇ ਬਾਕੀ 17 ਜ਼ਿਲ੍ਹਿਆਂ ਹਾਲਾਤ ਖਰਾਬ ਹੋ ਸਕਦੇ ਨੇ। ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦੇ ਰਾਜਪਾਲ ਅਤੇ ਮੁੱਖ ਮੰਤਰੀ ਨਾਲ ਗੱਲ ਕੀਤੀ। ਉਹ, ਕੱਲ੍ਹ ਹੜ੍ਹ ਪ੍ਰਭਾਵਿਤ ਸੂਬੇ ਦਾ ਦੌਰਾ ਕਰ ਰਹੇ ਨੇ ਅਤੇ ਸਥਿਤੀ 'ਤੇ ਇੱਕ ਉੱਚ ਪੱਧਰੀ ਮੀਟਿੰਗ ਬੁਲਾ ਰਹੇ ਨੇ। ਇਕ ਰਿਪੋਰਟ

ਪੰਜਾਬ ਵਿੱਚ ਹੜ੍ਹਾਂ ਕਾਰਨ 30 ਲੋਕਾਂ ਦੀ ਮੌਤ ਹੋ ਚੁਕੀ ਹੈ ਅਤੇ 3.54 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ। 1 ਲੱਖ 48 ਹਜ਼ਾਰ ਹੈਕਟੇਅਰ ਤੋਂ ਵੱਧ ਖੜ੍ਹੀ ਫਸਲਾਂ ਨੂੰ ਨੁਕਸਾਨ ਪਹੁੰਚਿਆ ਹੈ ਅਤੇ ਸੈਂਕੜੇ ਪਸ਼ੂ ਵੀ ਡੁੱਬਣ ਕਾਰਨ ਮਾਰੇ ਗਏ ਹਨ। ਰਾਹਤ ਅਤੇ ਬਚਾਅ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।

ਵਿਗੜਦੀ ਹੜ੍ਹ ਦੀ ਸਥਿਤੀ ਦੇ ਮੱਦੇਨਜ਼ਰ, ਸੂਬਾ ਸਰਕਾਰ ਨੇ 7 ਸਤੰਬਰ ਤੱਕ ਸਾਰੇ ਵਿਦਿਅਕ ਅਦਾਰੇ ਬੰਦ ਰੱਖਣ ਦੇ ਹੁਕਮ ਦਿੱਤੇ ਹਨ। ਇਹ ਫੈਸਲਾ ਵਿਦਿਆਰਥੀਆਂ ਅਤੇ ਸਟਾਫ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਲਿਆ ਗਿਆ ਹੈ।

ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਵੀ ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦਾ ਦੌਰਾ ਕਰਕੇ ਹੜ੍ਹ ਪ੍ਰਭਾਵਿਤ ਲੋਕਾਂ ਨਾਲ ਮੁਲਾਕਾਤ ਕਰ ਰਹੇ ਹਨ।

-----------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰ ਰਹੇ ਨੇ । ਰਾਜਪਾਲ ਅੱਜ ਜ਼ਿਲਾ ਅੰਮ੍ਰਿਤਸਰ ਅਤੇ ਜ਼ਿਲਾ ਗੁਰਦਾਸਪੁਰ ਦੇ ਡੇਰਾ ਬਾਬਾ ਨਾਨਕ ਹਲਕੇ 'ਚ ਪੁਹੰਚੇ ਅਤੇ ਕਰਤਾਰਪੁਰ ਲਾਂਘੇ ਨੇੜੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ । ਉਨ੍ਹਾਂ ਮੌਜੂਦਾ ਹਾਲਾਤ ਬਾਰੇ ਪ੍ਰਸ਼ਾਸ਼ਨ ਦੇ ਅਧਿਕਾਰੀਆ ਤੋਂ ਜਾਣਕਾਰੀ ਲਈ ਅਤੇ ਹੜ ਪੀੜਤਾਂ ਨਾਲ ਮੁਲਾਕਾਤ ਕਰਕੇ ਉਹਨਾਂ ਦੀਆ ਮੁਸ਼ਕਿਲ ਬਾਰੇ ਬਾਰੇ ਜਾਣਕਾਰੀ ਲਈ । ਗਵਰਨਰ ਨੇ ਕਿਹਾ ।

**BYTE**

ਰਾਜਪਾਲ ਕੱਲ ਹੁਸ਼ਿਆਰਪੁਰ ਅਤੇ ਸ੍ਰੀ ਆਨੰਦਪੁਰ ਸਾਹਿਬ ਦਾ ਦੌਰਾ ਕਰਨਗੇ। ਦੌਰੇ ਦੌਰਾਨ, ਸ੍ਰੀ ਕਟਾਰੀਆ ਪ੍ਰਭਾਵਿਤ ਲੋਕਾਂ ਨੂੰ ਮਿਲਣਗੇ ਅਤੇ ਸਬੰਧਤ ਜ਼ਿਲ੍ਹਿਆਂ ਵਿੱਚ ਚੱਲ ਰਹੇ ਰਾਹਤ ਅਤੇ ਮੁੜ ਵਸੇਬੇ ਦੇ ਉਪਰਾਲਿਆਂ ਦਾ ਜਾਇਜ਼ਾ ਲੈਣਗੇ।

-----------------------------------------------------------

ਉਧਰ ਭਾਖੜਾ ਡੈਮ ਦੀ ਗੋਵਿੰਦ ਸਾਗਰ ਝੀਲ ਖਤਰੇ ਦੇ ਨਿਸ਼ਾਨ ਤੋਂ ਹਾਲਾਂ ਵੀ ਕਰੀਬ 2 ਫੁਟ ਹੇਠਾਂ ਏ। ਹਾਲਾਂਕਿ ਭਾਖੜਾ ਡੈਮ ਦੇ ਚਾਰੋਂ ਫਲਡ ਗੇਟ 7 – 7 ਫੁਟ ਤਕ ਖੋਲ੍ਹੇ ਗਏ ਨੇ। ਭਾਖੜਾ ਡੈਮ ਤੋਂ ਟਰਬਾਈਨਾਂ ਅਤੇ ਫਲਡ ਗੇਟਾਂ ਰਾਹੀਂ 65 ਹਜ਼ਾਰ 42 ਕਿਉਸੇਕ ਪਾਣੀ ਛਡਿਆ ਜਾ ਰਿਹਾ ਏ। ਨੰਗਲ ਡੈਮ ਤੋਂ ਵਖ -ਵਖ ਨਹਿਰਾਂ ਤੇ ਸਤਲੁਜ ਦਰਿਆ ‘ਚ ਪਾਣੀ ਛਡਿਆ ਜਾ ਰਿਹਾ ਏ। ਪਟਿਆਲਾ ਜ਼ਿਲ੍ਹੇ ਦੇ ਘਨੌਰ ਦੇ ਪਿੰਡਾਂ ਲਈ ਹਾਈ ਅਲਰਟ ਜਾਰੀ ਕੀਤਾ ਗਿਆ ਏ. ਘੱਗਰ ਦਰਿਆ ਦੇ ਕੈਚਮੈਂਟ ਇਲਾਕੇ ਵਿੱਚ ਪਏ ਭਾਰੀ ਮੀਂਹ ਕਾਰਨ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਰਾਜਪੁਰਾ ਸਬ ਡਵੀਜ਼ਨ ਦੇ ਘੱਗਰ ਨੇੜੇ ਪੈਂਦੇ ਕੁਝ ਪਿੰਡਾਂ ਦੇ ਵਸਨੀਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਹਾਈ ਅਲਰਟ ਜਾਰੀ ਕੀਤਾ ਗਿਆ ਏ. ਲੋਕਾਂ ਨੂੰ ਸੁਚੇਤ ਰਹਿਣ ਤੇ ਘੱਗਰ ਨੇੜੇ ਨਾ ਜਾਣ ਦੀ ਸਲਾਹ ਦਿੱਤੀ ਗਈ ਏ।

ਪਟਿਆਲਾ ਦੇ ਡਿਪਟੀ ਕਮਿਸ਼ਨਰ ਪ੍ਰੀਤੀ ਯਾਦਵ ਦੀ ਟਾਂਗਰੀ, ਮਾਰਕੰਡਾ ਤੇ ਘੱਗਰ ਦੇ ਨੇੜਲੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ।

**BYTE**

ਕਿਸੇ ਸੂਚਨਾ ਲਈ ਰਾਜਪੁਰਾ ਦੇ ਫਲੱਡ ਕੰਟਰੋਲ ਰੂਮ ਨੰਬਰ 0176-222-41-32 'ਤੇ ਸੰਪਰਕ ਕੀਤਾ ਜਾ ਸਕਦਾ ਏ। ਕਿਸੇ ਵੀ ਸੂਚਨਾ ਲਈ ਤੁਰੰਤ ਪਟਿਆਲਾ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੰਟਰੋਲ ਰੂਮ ਨੰਬਰ 0175-23-50-550 ਉਪਰ ਸੂਚਿਤ ਕੀਤਾ ਜਾਵੇ। ਅਫ਼ਵਾਹਾਂ ਤੋਂ ਸੁਚੇਤ ਰਹਿਣ ਦੀ ਵੀ ਅਪੀਲ ਕੀਤੀ ਜਾਂਦੀ ਏ. ਓਧਰ ਰਣਜੀਤ ਸਾਗਰ ਡੈਮ ਝੀਲ ਦਾ ਪਾਣੀ ਦਾ ਪੱਧਰ ਇੱਕ ਵਾਰ ਫਿਰ ਖ਼ਤਰੇ ਦੇ ਨਿਸ਼ਾਨ ਦੇ ਨੇੜੇ ਪਹੁੰਚ ਗਿਆ ਏ। ਡੈਮ ਪ੍ਰਸ਼ਾਸਨ ਵੱਲੋਂ ਡੈਮ ਦੇ ਸਾਰੇ 7 ਸਪਿਲ-ਵੇਅ ਗੇਟ ਖੋਲ੍ਹ ਦਿੱਤੇ ਗਏ ਹਨ, ਜਿਸ ਕਾਰਨ ਸਪਿਲਵੇਅ ਗੇਟਾਂ ਰਾਹੀਂ ਲਗਭਗ 50,000 ਕਿਊਸਿਕ ਪਾਣੀ ਸਿੱਧਾ ਛੱਡਿਆ ਜਾ ਰਿਹਾ ਏ। ਰਾਵੀ ਨਦੀ ਵਿੱਚ ਪਾਣੀ ਛੱਡਿਆ ਜਾ ਰਿਹਾ ਏ। ਇਸੇ ਦੌਰਾਨ ਪਠਾਨਕੋਟ ਸ਼ਹਿਰ ਦੇ ਨੇੜੇ ਚੱਕੀ ਦਰਿਆ ਦੇ ਨਾਲ ਲੱਗਦੇ ਵਾਰਡ ਨੰਬਰ 12 ਦੇ ਬੇਦੀ ਗ੍ਰੇਵਲ ਕੰਪਨੀ ਅਤੇ ਸੈਲੀ ਕੁਲੀਆਂ ਦੀ 2000 ਦੀ ਆਬਾਦੀ ਵਾਲੇ ਲੋਕ ਦਰਿਆ ਵਿੱਚ ਤੇਜ਼ ਵਹਾਅ ਕਾਰਨ ਭਾਰੀ ਚਿੰਤਾ ਵਿਚ ਨੇ।

ਓਧਰ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੋਰ ਸੰਧੂ ਨੇ ਜਰੂਰੀ ਅਪੀਲ ਕਰਦਿਆ ਦੱਸਿਆ ਹੁਸੈਨੀਵਾਲਾ ਹੈਡਵਰਕਸ ਤੋਂ ਕਿ ਸਤਲੁਜ ਨਦੀ ਵਿੱਚ 3 ਲੱਖ 11 ਹਜਾਰ ਕਿਊਸਿਕ ਪਾਣੀ ਛੱਡਿਆ ਜਾ ਰਿਹਾ ਏ । ਇਸ  ਵਿੱਚ ਹੋਰ ਵਾਧਾ ਵੀ ਹੋ ਸਕਦਾ ਏ । ਇਸ ਲਈ ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਦੇ ਸਤਲੁਜ ਕ੍ਰੀਕ ਪਾਰ ਦੇ  ਲੋਕਾਂ ਨੂੰ ਅਪੀਲ ਏ ਕਿ ਸੁਚੇਤ ਰਹਿਣ। ਖਾਸ ਕਰਕੇ ਮਹਿਲਾਵਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਰਾਹਤ ਕੈਂਪਾਂ ਵਿੱਚ ਜਾਂ ਪ੍ਰਭਾਵਿਤ ਇਲਾਕੇ ਤੋਂ ਬਾਹਰ ਸੁਰੱਖਿਅਤ ਥਾਵਾਂ  ਤੇ ਭੇਜਿਆ ਜਾਵੇ ਅਤੇ ਸਤਲੁਜ ਦੇ ਬੰਨ ਦੇ ਨੇੜੇ ਨਾ ਜਾਇਆ ਜਾਵੇ। ਜਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਹਰ ਸਮੇਂ ਲੋਕਾਂ ਲਈ ਤਿਆਰ ਨੇ । ਉਹਨਾਂ ਨਾਲ ਸਹਿਯੋਗ ਕੀਤਾ ਜਾਵੇ । ਕਿਸੇ ਵੀ ਮਦਦ ਜਾਂ ਜਾਣਕਾਰੀ ਲਈ  ਜਿਲ੍ਹਾ ਹੜ੍ਹ ਕੰਟਰੋਲ ਰੂਮ ਨੰਬਰ 01638 262-153 ਤੇ ਸੰਪਰਕ ਕੀਤਾ ਜਾ ਸਕਦਾ ਏ । ਏਧਰ ਜਲੰਧਰ ਦੇ  ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਸਤਲੁਜ ਦਰਿਆ ਵਿੱਚ ਵਧਦੇ ਪਾਣੀ ਦੇ ਪੱਧਰ ਕਾਰਨ ਪੈਦਾ ਹੋਈ ਸਥਿਤੀ ਦਾ ਜਾਇਜ਼ਾ ਲੈਣ ਲਈ ਦਰਿਆ ਕੰਢੇ ਸਥਿਤ ਕਈ ਪਿੰਡਾਂ ਦਾ ਦੌਰਾ ਕੀਤਾ । ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਅਹਿਤਿਆਤ ਦੇ ਤੌਰ ’ਤੇ ਬੰਨ੍ਹ ਨੂੰ ਹੋਰ ਮਜ਼ਬੂਤ ਕਰਨ ਲਈ ਫੌਜ ਦੀਆਂ ਸੇਵਾਵਾਂ ਲਈਆਂ ਗਈਆਂ। ਉਨ੍ਹਾਂ ਅਧਿਕਾਰੀਆਂ ਨੂੰ ਵੱਧ ਤੋਂ ਵੱਧ ਰੇਤ ਦੀਆਂ ਬੋਰੀਆਂ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ

ਅਤੇ ਪਿੰਡ ਵਾਸੀਆਂ ਨੂੰ ਬੰਨ੍ਹ ਨੂੰ ਮਜ਼ਬੂਤ ਕਰਨ ਲਈ ਪ੍ਰਸ਼ਾਸਨ ਦਾ ਸਾਥ ਦੇਣ ਦੀ ਅਪੀਲ ਕੀਤੀ। ਡਾ. ਅਗਰਵਾਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਮਹਿਜ਼ ਪਾਣੀ ਦੇ ਵਧਦੇ ਪੱਧਰ ਨੂੰ ਦੇਖਣ ਲਈ ਦਰਿਆ ਦੇ ਕੰਢਿਆਂ ਨੇੜੇ ਨਾ ਜਾਇਆ ਜਾਵੇ ਕਿਉਂਕਿ ਇਹ ਖ਼ਤਰਨਾਕ ਹੋ ਸਕਦਾ ਏ। ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਇਸ ਮੁਸ਼ਕਲ ਸਮੇਂ ਵਿੱਚ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਜ਼ਿਲ੍ਹੇ ਵਿੱਚ ਹੜ੍ਹ ਵਰਗੀ ਕਿਸੇ ਵੀ ਸਥਿਤੀ ਨੂੰ ਰੋਕਣ ਲਈ ਜੰਗੀ ਪੱਧਰ 'ਤੇ ਕੰਮ ਕਰਨ ਦੇ ਨਿਰਦੇਸ਼ ਵੀ ਦਿੱਤੇ।

---------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਲਈ ਭਾਰੀ ਮੀਹਂ ਬਾਰੇ ਰੈੱਡ ਅਲਰਟ ਜਾਰੀ ਕੀਤਾ ਏ। ਵਿਭਾਗ ਦੇ ਸੀਨੀਅਰ ਵਿਗਿਆਨੀ ਡਾ. R.K. ਜੇਨਾਮਨੀ ਨੇ ਕਿਹਾ।

**BYTE**

---------------------------------------------------------

ਉੱਤਰੀ ਰੇਲਵੇ ਨੇ 30 ਸਤੰਬਰ ਤੱਕ ਜੰਮੂ ਅਤੇ ਕਟੜਾ ਸਟੇਸ਼ਨਾਂ ਤੋਂ ਆਉਣ-ਜਾਣ ਵਾਲੀਆਂ 68 ਰੇਲਗੱਡੀਆਂ ਨੂੰ ਰੱਦ ਕਰਨ ਦਾ ਐਲਾਨ ਕੀਤਾ ਏ। 24 ਰੇਲਗੱਡੀਆਂ ਮੁੜ ਚਾਲੂ ਹੋਣਗੀਆਂ। ਸਾਡੇ ਪੱਤਰਕਾਰ

ਨੇ ਦਸਿਆ ਏ ਕਿ ਕਿ ਹਾਲ ਹੀ ਵਿੱਚ ਆਈ ਮੋਹਲੇਧਾਰ ਬਾਰਿਸ਼ ਅਤੇ ਅਚਾਨਕ ਹੜ੍ਹਾਂ ਕਾਰਨ ਪਠਾਨਕੋਟ-ਜੰਮੂ ਸੈਕਸ਼ਨ ਵਿੱਚ ਕਈ ਥਾਵਾਂ 'ਤੇ ਪਿਛਲੇ ਅੱਠ ਦਿਨਾਂ ਤੋਂ ਜੰਮੂ ਰੇਲਵੇ ਡਿਵੀਜ਼ਨ ਵਿੱਚ ਰੇਲ ਆਵਾਜਾਈ ਮੁਅੱਤਲ ਕਰ ਦਿੱਤੀ ਗਈ ਏ। 26 ਅਗਸਤ ਤੋਂ ਜੰਮੂ ਖੇਤਰ ਵਿੱਚ ਭਾਰੀ ਬਾਰਿਸ਼ ਕਾਰਨ ਵੱਡੀ ਗਿਣਤੀ ਵਿੱਚ ਲੋਕ, ਖਾਸ ਕਰਕੇ ਸ਼ਰਧਾਲੂ ਫਸੇ ਹੋਏ ਸਨ। ਬਾਰਿਸ਼ ਕਾਰਨ ਰੇਲ ਅਤੇ ਸੜਕੀ ਆਵਾਜਾਈ ਪ੍ਰਭਾਵਿਤ ਹੋਈ ਏ। ਜੰਮੂ ਖੇਤਰ ਵਿੱਚ ਸਾਲ 1910 ਤੋਂ ਬਾਅਦ ਸਭ ਤੋਂ ਵੱਧ ਬਾਰਿਸ਼ ਦਰਜ ਕੀਤੀ ਗਈ। ਫਸੇ ਮੁਸਾਫ਼ਰਾਂ ਦੀ ਆਵਾਜਾਈ ਦੀ ਸਹੂਲਤ ਲਈ ਜੰਮੂ ਤਵੀ-ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸ਼ਟਲ ਸੇਵਾਵਾਂ, ਜੰਮੂ ਤਵੀ-ਕੋਲਕਾਤਾ ਅਤੇ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ-ਨਵੀਂ ਦਿੱਲੀ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ। ਜੰਮੂ-ਕਟੜਾ ਸੈਕਸ਼ਨ 'ਤੇ ਸ਼ਟਲ ਸੇਵਾ ਲਈ ਚਾਰ ਰੇਲਗੱਡੀਆਂ ਸ਼ਾਮਲ ਕੀਤੀਆਂ ਗਈਆਂ ਨੇ , ਜੋ 1 ਤੋਂ 15 ਸਤੰਬਰ ਤੱਕ ਚੱਲਣਗੀਆਂ। ਰੇਲਵੇ ਨੇ ਸੰਪਰਕ ਕ੍ਰਾਂਤੀ ਅਤੇ ਸਿਆਲਦਾਹ ਐਕਸਪ੍ਰੈਸ, ਕ੍ਰਾਂਤੀ ਐਕਸਪ੍ਰੈਸ, ਵੰਦੇ ਭਾਰਤ, ਤ੍ਰਿਵੇਂਦਰਮ ਐਕਸਪ੍ਰੈਸ ਅਤੇ ਸ਼ਟਲ ਸੇਵਾਵਾਂ ਦਾ ਸੰਚਾਲਨ ਮੁੜ ਸ਼ੁਰੂ ਕਰ ਦਿੱਤਾ ਏ। ਜੰਮੂ ਅਤੇ ਕਟੜਾ ਵਿਚਕਾਰ ਸਥਾਨਕ ਲੋਕਾਂ ਅਤੇ ਫਸੇ ਮੁਸਾਫ਼ਰਾਂ ਦੀ ਆਵਾਜਾਈ ਦੀ ਸਹੂਲਤ ਲਈ ਦੋ ਰੇਲਗੱਡੀਆਂ ਨਾਲ ਸ਼ਟਲ ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਨੇ। ਜੰਮੂ-ਕੋਲਕਾਤਾ ਅਤੇ ਵੈਸ਼ਨੋ

ਦੇਵੀ-ਨਵੀਂ ਦਿੱਲੀ ਰੇਲਗੱਡੀਆਂ ਵੀ ਚੱਲ ਰਹੀਆਂ ਹਨ। ਵੰਦੇ ਭਾਰਤ ਰੇਲਗੱਡੀ 7 ਸਤੰਬਰ ਤੋਂ ਦੁਬਾਰਾ ਚੱਲੇਗੀ।

---------------------------------------------------------------

ਬਿਹਾਰ ਦੇ ਰਾਜਗੀਰ ਵਿੱਚ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਵਿੱਚ ਅੱਜ ਤੋਂ ਸੁਪਰ ਫੋਰ ਗੇੜ ਮੈਚ ਸ਼ੁਰੂ ਹੋ ਰਹੇ ਨੇ । ਭਾਰਤ ਤੋਂ ਇਲਾਵਾ ਚੀਨ, ਮਲੇਸ਼ੀਆ ਅਤੇ ਕੋਰੀਆ ਨੇ ਸੁਪਰ ਫੋਰ ਲਈ ਕੁਆਲੀਫਾਈ ਕਰ ਲਿਆ ਏ । ਭਾਰਤੀ ਟੀਮ ਅੱਜ ਕੋਰੀਆ ਵਿਰੁੱਧ ਆਪਣਾ ਪਹਿਲਾ ਸੁਪਰ ਫੋਰ ਮੈਚ ਖੇਡੇਗੀ। ਇਹ ਮੈਚ ਰਾਜਗੀਰ ਅੰਤਰਰਾਸ਼ਟਰੀ ਸਟੇਡੀਅਮ ਵਿੱਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਚ, ਸੈਮੀਕੋਨ ਇੰਡੀਆ 2025 ਦੇ ਦੂਜੇ ਦਿਨ ਸੈਮੀ-ਕੰਡਕਟਰ ਸੈਕਟਰ ਦੇ ਮਾਹਿਰਾਂ ਨਾਲ ਗੱਲਬਾਤ ਕੀਤੀ ।
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਹੜ੍ਹ ਪ੍ਰਭਾਵਿਤ ਪੰਜਾਬ ਦਾ ਜਾਇਜ਼ਾ ਲੈਣ ਲਈ ਕੱਲ੍ਹ ਪੰਜਾਬ ਦਾ ਦੌਰਾ ਕਰਨਗੇ ।
- ਲਗਾਤਾਰ ਹੋ ਰਹੀ ਬਾਰਿਸ਼ ਅਤੇ ਡੈਮਾਂ ਤੋਂ ਪਾਣੀ ਨੂੰ ਨਿਯੰਤਰਿਤ ਛੱਡੇ ਜਾਣ ਕਾਰਨ, ਹੁਣ ਪੰਜਾਬ ਦੇ ਸਾਰੇ 23 ਜ਼ਿਲ੍ਹੇ ਪ੍ਰਭਾਵਿਤ -

ਭਿਆਨਕ ਹੜ੍ਹਾਂ ਕਾਰਨ ਹੁਣ ਤੱਕ 30 ਲੋਕਾਂ ਦੀ ਮੌਤ- 3 ਲਖ 54 ਹਜ਼ਾਰ ਤੋਂ ਵੱਧ ਲੋਕ ਪ੍ਰਭਾਵਿਤ ਹੋਏ - ਕਰੀਬ ਡੇਢ ਲਖ ਹੈਕਟੇਅਰ ਤੋਂ ਵੱਧ ਰਕਬੇ ਵਿੱਚ ਖੜ੍ਹੀਆਂ ਫਸਲਾਂ ਨੂੰ ਨੁਕਸਾਨ ਪਹੁੰਚਿਆ - ਸੂਬਾ ਸਰਕਾਰ ਵਲੋਂ ਹੜਾਂ ਕਾਰਨ 7 ਸਤੰਬਰ ਤੱਕ, ਸਾਰੇ ਵਿਦਿਅਕ ਅਦਾਰੇ ਬੰਦ ਰੱਖਣ ਦੇ ਹੁਕਮ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅੱਜ ਅੰਮ੍ਰਿਤਸਰ ਤੇ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਬਚਾਅ ਕਾਰਜਾਂ ਦਾ ਲਿਆ ਜਾਇਜ਼ਾ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ, ਹਰਿਆਣਾ ਜੰਮੂ-ਕਸ਼ਮੀਰ ਤੇ ਹਿਮਾਚਲ ਪ੍ਰਦੇਸ਼ ਲਈ ਭਾਰੀ ਮੀਹਂ ਬਾਰੇ ਰੈੱਡ ਅਲਰਟ ਜਾਰੀ।
- ਬਿਹਾਰ ਦੇ ਰਾਜਗੀਰ ਵਿੱਚ ਹਾਕੀ ਏਸ਼ੀਆ ਕੱਪ ਮੁਕਾਬਲੇ ਵਿੱਚ ਅੱਜ ਤੋਂ ਸੁਪਰ ਫੋਰ ਗੇੜ ਦੇ ਮੈਚ ਸ਼ੁਰੂ ਹੋਣਗੇ।

**ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ, ਖਬਰਾਂ ਦਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ ਸ਼ਾਮ ਸਾਢੇ 7 ਵਜੇ .**

**ਨਮਸਕਾਰ**